# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਅੱਜ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਯੋਗ ਅਭਿਆਸ ਦੀ ਅਗਵਾਈ ਕੀਤੀ- ਦੇਸ਼ ਵਾਸੀਆਂ ਨੂੰ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ।
- ਪੰਜਾਬ ਭਰ ਵਿੱਚ ਵੀ ਵੱਖ-ਵੱਖ ਸਰਕਾਰੀ ਤੇ ਨਿੱਜੀ ਸੰਗਠਨਾਂ ਅਤੇ ਸੰਸਥਾਵਾਂ ਵਲੋਂ, ਯੋਗ ਸਮਾਗਮਾਂ ਦਾ ਆਯੋਜਨ।
- -ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਅੱਜ ਲੁਧਿਆਣਾ 'ਚ BJP ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕਰਨਗੇ।
- ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ, 290 ਸ਼ਰਧਾਲੂਆਂ ਦਾ ਜਥਾ ਅੱਜ ਪਾਕਿਸਤਾਨ ਲਈ ਰਵਾਨਾ ਹੋਇਆ।

- ਹਾਕੀ ਵਿੱਚ, ਭਾਰਤ ਨੇ ਆਕਲੈਂਡ ਵਿੱਚ ਨਿਊਜ਼ੀਲੈਂਡ ਨੂੰ 2-0 ਨਾਲ ਹਰਾ ਕੇ, ਆਪਣਾ ਦੂਜਾ FIH ਮਹਿਲਾ NATIONS ਕੱਪ ਖਿਤਾਬ ਜਿਤਿਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟੀਮ ਨੂੰ ਵਧਾਈ ਦਿੱਤੀ।

-------------------------------------------------------------

ਅੱਜ 12ਵਾਂ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਇਸ ਸਾਲ ਦਾ ਵਿਸ਼ਾ "ਸਿਹਤਮੰਦ ਉਮਰ ਲਈ ਯੋਗ" ਰੱਖਿਆ ਗਿਆ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੋਲਕਾਤਾ ਦੇ ਰੈੱਡ ਰੋਡ 'ਤੇ ਇੱਕ ਸਮਾਗਮ ਵਿੱਚ ਯੋਗ ਸੈਸ਼ਨ ਦੀ ਅਗਵਾਈ ਕੀਤੀ। ਇਸ ਮੌਕੇ 'ਤੇ ਬੋਲਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਦੁਨੀਆ ਦੇ ਕੁਝ ਹਿੱਸਿਆਂ ਵਿੱਚ, 21 ਜੂਨ ਸਾਲ ਦਾ ਸਭ ਤੋਂ ਲੰਬਾ ਦਿਨ ਏ , ਅਤੇ ਯੋਗ ਦੇ ਕਾਰਨ, ਇਹ ਹੁਣ ਸਭ ਤੋਂ ਵੱਡਾ ਭਾਈਚਾਰਕ ਜਸ਼ਨ ਬਣ ਗਿਆ ਏ। BYTE:RNU210626 ਸ਼੍ਰੀ ਮੋਦੀ ਨੇ ਕਿਹਾ ਕਿ ਯੋਗ ਸਾਨੂੰ ਸੰਤੁਲਿਤ ਜੀਵਨ ਜਿਉਣ ਅਤੇ ਮਾਨਸਿਕ ਸਿਹਤ ਰਾਹੀਂ ਸਰੀਰਕ ਸਿਹਤ ਦਾ ਰਸਤਾ ਲੱਭਣ ਵਿੱਚ ਮਦਦ ਕਰਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਨੂੰ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਸਰਕਾਰ ਨੇ ਇਸ ਸਾਲ ਯੋਗ -365 ਪਹਿਲਕਦਮੀ ਦੇ ਤਹਿਤ 100 ਦਿਨਾਂ ਦੀਆਂ

ਔਨਲਾਈਨ ਯੋਗਾ ਕਲਾਸਾਂ ਦਾ ਆਯੋਜਨ ਕੀਤਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਮੱਧ ਪ੍ਰਦੇਸ਼ ਦੇ ਜਬਲਪੁਰ ਵਿੱਚ ਯੋਗ ਦਿਵਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਏ ਕਿ ਯੋਗ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਸਿਹਤ ਲਈ ਬਹੁਤ ਫਾਇਦੇਮੰਦ ਏ । ਉਨ੍ਹਾਂ ਕਿਹਾ ਕਿ ਛੋਟੀ ਉਮਰ ਵਿੱਚ ਯੋਗ ਸ਼ੁਰੂ ਕਰਨ ਨਾਲ ਵਧੇਰੇ ਲਾਭ ਹੁੰਦੇ ਹਨ। ਉਪ ਰਾਸ਼ਟਰਪਤੀ ਨੇ ਲੋਕਾਂ ਨੂੰ, ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ।

-----------------------------------------------------------

Lead-Yog-PB

ਇਸੇ ਦੌਰਾਨ ਪੰਜਾਬ ਦਾ ਸੂਬਾ ਪੱਧਰੀ ਯੋਗ ਸਮਾਗਮ ਪਟਿਆਲਾ ਦੇ ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਵਿਖੇ ਕਰਵਾਇਆ ਗਿਆ । ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨਾਲ ਸਮੂਹਿਕ ਯੋਗ ਅਭਿਆਸ ਕੀਤਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਸੀਐਮ ਦੀ ਯੋਗਸ਼ਾਲਾ' ਪਹਿਲਕਦਮੀ ਨੇ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਏ । ਉਨ੍ਹਾਂ ਦੱਸਿਆ ਕਿ ਇਸ ਯੋਜਨਾ

ਤਹਿਤ 1400 ਤੋਂ ਵੱਧ ਯੋਗਾ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਗਈ ਏ , ਜੋ ਅੱਜ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਨੂੰ ਯੋਗਾ ਸਿਖਾ ਕੇ ਤੰਦਰੁਸਤ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾ ਰਹੇ ਨੇ । ਇਸ ਮੌਕੇ ਰਾਸ਼ਟਰੀ ਪੱਧਰ 'ਤੇ ਯੋਗ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਜੰਗਲਾਤ ਵਿਭਾਗ ਵੱਲੋਂ ਲੋਕਾਂ ਨੂੰ ਬੂਟੇ ਵੀ ਵੰਡੇ ਗਏ।

-----------------------------------------------------------------

ਪੰਜਾਬ ਭਰ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਵੱਖ-ਵੱਖ ਸਰਕਾਰੀ ਅਤੇ ਨਿੱਜੀ ਸੰਗਠਨਾਂ ਅਤੇ ਸੰਸਥਾਵਾਂ ਨੇ ਸਵੇਰੇ ਯੋਗਾ ਸੈਸ਼ਨ ਆਯੋਜਿਤ ਕੀਤੇ। BJP ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਜਲੰਧਰ ਨੇੜੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਯੋਗਾ ਸੈਸ਼ਨ ਵਿੱਚ ਹਿੱਸਾ ਲਿਆ। ਉਨ੍ਹਾਂ ਨੇ ਸੂਬੇ ਦੇ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੱਤਾ।

BYTE:RNU210626

ਸੀਮਾ ਸੁਰੱਖਿਆ ਬਲ ਨੇ ਅੰਮ੍ਰਿਤਸਰ ਵਿੱਚ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ , ਗੁਰਦਾਸਪੁਰ ਵਿੱਚ ਕਰਤਾਰਪੁਰ ਸਾਹਿਬ ਲਾਂਘੇ , ਫਿਰੋਜ਼ਪੁਰ ਵਿੱਚ ਸਾਂਝੀ ਚੈੱਕ ਪੋਸਟ ਹੁਸੈਨੀਵਾਲਾ ਅਤੇ ਫਾਜ਼ਿਲਕਾ ਸਰਹੱਦ 'ਤੇ ਸਾਦਕੀ ਚੈੱਕ ਪੋਸਟ ਤੋਂ ਇਲਾਵਾ, ਸੂਬੇ ਦੀਆਂ ਹੋਰ

ਇਕਾਈਆਂ ਅਤੇ ਹੈੱਡਕੁਆਰਟਰ 'ਤੇ ਇਸ ਸਮਾਗਮ ਦਾ ਜਸ਼ਨ ਮਨਾਇਆ। ਪ੍ਰਸਿੱਧ ਸਾਂਝੀ ਚੈੱਕ ਪੋਸਟ ਅਟਾਰੀ ਵਿਖੇ, ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ BSF ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ, ਡਾ. ਅਤੁਲ ਫੁਲਜ਼ੇਲੇ ਨੇ ਸਰਹੱਦੀ ਪਿੰਡ ਵਾਸੀਆਂ ਸਮੇਤ ਭਾਗੀਦਾਰਾਂ ਨੂੰ ਯੋਗ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਸ਼ਾਮਲ ਕਰਨ ਲਈ ਉਤਸ਼ਾਹਿਤ ਕੀਤਾ। ਕੇਂਦਰੀ ਸੰਚਾਰ ਬਿਊਰੋ ਅਤੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੀਆਂ ਹੋਰ ਪੰਜਾਬ ਅਤੇ ਚੰਡੀਗੜ੍ਹ ਸਥਿਤ ਇਕਾਈਆਂ ਨੇ ਵੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕਰਕੇ ਅੰਤਰ-ਰਾਸ਼ਟਰੀ ਯੋਗਾ ਦਿਵਸ ਮਨਾਇਆ। ਓਧਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿਖੇ ਕਾਰਜਕਾਰੀ ਚੀਫ਼ ਜਸਟਿਸ ਮਾਨਯੋਗ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਦੀ ਅਗਵਾਈ ਹੇਠ ਯੋਗ ਦਿਵਸ ਮਨਾਇਆ ਗਿਆ । ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਹੋਏ ਅੰਤਰ-ਰਾਸ਼ਟਰੀ ਯੋਗ ਦਿਵਸ ਸਮਾਗਮ ਵਿੱਚ ਕਰੀਬ 500 ਭਾਗੀਦਾਰਾਂ ਨੇ ਵੱਖ-ਵੱਖ ਯੋਗ ਆਸਨ ਕੀਤੇ।

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ, BJP ਆਗੂਆਂ ਅਤੇ ਵਰਕਰਾਂ ਨਾਲ ਗੱਲਬਾਤ ਕਰਨ ਲਈ ਲੁਧਿਆਣਾ ਦੇ ਦੌਰੇ

'ਤੇ ਨੇ। ਲੁਧਿਆਣਾ ਤੋਂ ਸਾਡੇ ਪਤਰਕਾਰ ਨੇ ਦਸਿਆ ਏ ਕਿ ਮੰਡਲ ਅਹੁਦੇਦਾਰਾਂ ਤੋਂ ਲੈ ਕੇ ਸੂਬਾ ਪ੍ਰਧਾਨ ਤੱਕ ਹਰ ਕੋਈ ਗੱਲਬਾਤ ਦੇ ਇਸ ਸੈਸ਼ਨ ਵਿੱਚ ਹਿੱਸਾ ਲਵੇਗਾ। ਇਸ ਗੱਲਬਾਤ ਵਿੱਚ ਚੋਣਾਂ ਲੜ ਚੁੱਕੇ ਆਗੂਆਂ ਨੂੰ ਵੀ ਸ਼ਾਮਲ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ ਅਤੇ ਸੰਤਾਂ ਦੀ ਧਰਤੀ ਏ ਤੇ ਉਹ ਇਸ ਧਰਤੀ ਨੂੰ ਨਮਨ ਕਰਦੇ ਨੇ । ਉਨ੍ਹਾਂ ਕਿਹਾ ਕਿ BJP ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਲੈ ਜਾਵੇਗੀ।

---

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿਤਾ ਦਿਵਸ ਮੌਕੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ । ਸਪੀਕਰ ਕਿਹਾ ਕਿ ਪਿਤਾ ਹਰ ਪਰਿਵਾਰ ਲਈ ਤਾਕਤ, ਸੁਰੱਖਿਆ ਅਤੇ ਕੁਰਬਾਨੀ ਦਾ ਪੁੰਜ ਹੁੰਦਾ ਏ । ਉਨ੍ਹਾਂ ਕਿਹਾ ਕਿ ਜਿੱਥੇ ਮਾਂ ਦਾ ਪਿਆਰ ਬੱਚੇ ਦੇ ਮੁੱਢਲੇ ਸਾਲਾਂ ਦੀ ਬੁਨਿਆਦ ਹੁੰਦਾ ਏ ਉੱਥੇ ਹੀ ਪਿਤਾ ਜੀਵਨ ਦੀਆਂ ਚੁਣੌਤੀਆਂ ਨੂੰ ਨਜਿੱਠਣ ਲਈ ਲੋੜੀਂਦੀ ਦਿਸ਼ਾ, ਨੈਤਿਕ ਕਦਰਾਂ-ਕੀਮਤਾਂ ਦੇ ਰਾਹ-ਦਸੇਰੇ ਵਜੋਂ ਕੰਮ ਕਰਦਾ ਏ। ਸਪੀਕਰ ਨੇ ਬੱਚਿਆਂ ਨੂੰ ਆਪਣੇ ਮਾਪਿਆਂ ਨੂੰ ਪਿਆਰ ਕਰਨ, ਸਤਿਕਾਰ ਦੇਣ ਅਤੇ ਸੁਹਿਰਦਤਾ ਨਾਲ ਉਨ੍ਹਾਂ ਦੀ ਦੇਖਭਾਲ ਕਰਨ ਦੀ ਅਪੀਲ

ਕੀਤੀ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਾ ਸਿਰਫ਼ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ, ਇਮਾਨਦਾਰੀ ਨਾਲ ਕੰਮ ਕਰਨ ਲਈ ਸਮਰਪਣ ਨਾਲ ਆਪਣੇ ਮਾਪਿਆਂ ਦੀ ਕੁਰਬਾਨੀ ਦਾ ਸਨਮਾਨ ਕਰਨ ਸਗੋਂ ਸੂਬੇ ਦੀ ਤਰੱਕੀ ਵਿੱਚ ਵੀ ਯੋਗਦਾਨ ਪਾਉਣ।

--------------------------------------------------------------------

ਪੰਜਾਬ ਸਰਕਾਰ ਵਲੋਂ ਵਿੱਤੀ ਸਾਲ 2025-26 ਦੌਰਾਨ, ਬਜ਼ੁਰਗਾਂ ਲਈ ਚਲਾਈਆਂ ਗਈਆਂ ਵੱਖ-ਵੱਖ ਭਲਾਈ, ਸਿਹਤ ਸੰਭਾਲ, ਜਾਗਰੂਕਤਾ ਗਤੀਵਿਧੀਆਂ ਵਿੱਚ ਬਜ਼ੁਰਗਾਂ ਦੀ ਕੁੱਲ ਭਾਗੀਦਾਰੀ ਅਤੇ ਸ਼ਮੂਲੀਅਤ ਦਾ ਅੰਕੜਾ ਇਕ ਲਖ 11 ਹਜ਼ਾਰ ਤੋਂ ਵੱਧ ਰਿਕਾਰਡ ਕੀਤਾ ਗਿਆ ਏ । ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਭਰ ਵਿੱਚ ਲਗਾਏ ਗਏ ਵਿਆਪਕ ਸਿਹਤ ਕੈਂਪਾਂ ਦੌਰਾਨ 7 ਹਜ਼ਾਰ 552 ਗੈਰ-ਸੰਚਾਰੀ ਬੀਮਾਰੀਆਂ ਦੀ ਸਕ੍ਰੀਨਿੰਗ, 2 ਹਜ਼ਾਰ 181 ਕੈਂਸਰ ਸਕ੍ਰੀਨਿੰਗ, 6 ਹਜ਼ਾਰ 234 ਹੱਡੀਆਂ ਦੇ ਟੈਸਟ, 11 ਹਜ਼ਾਰ 991 ਅੱਖਾਂ ਦੇ ਟੈਸਟ ਕੀਤੇ ਗਏ। ਇਸ ਤੋਂ ਇਲਾਵਾ, ਮੋਤੀਆਬਿੰਦ ਦੇ 1520 ਅਪਰੇਸ਼ਨ ਕਰਵਾਏ ਗਏ । ਬਜ਼ੁਰਗਾਂ ਨੂੰ ਸਰਗਰਮ ਰੱਖਣ ਅਤੇ ਸਮਾਜਿਕ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਭਰ ਵਿੱਚ 230 'ਪੀੜ੍ਹੀ-ਦਰ-ਪੀੜ੍ਹੀ' ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ,

ਜਿਸ ਵਿੱਚ 11,692 ਬਜ਼ੁਰਗਾਂ ਤੇ ਨੌਜਵਾਨਾਂ ਨੇ ਹਿੱਸਾ ਲਿਆ।

---------------------------------------------------------------

ਪੰਜਾਬ ਸਰਕਾਰ ਵੱਲੋਂ 24 ਜੂਨ ਨੂੰ ਮੋਹਾਲੀ ਸਥਿਤ ਐਮਿਟੀ ਯੂਨੀਵਰਸਿਟੀ, ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ ਕੀਤਾ ਜਾ ਰਿਹਾ ਏ । ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਆਪਣੇ ਸਬੰਧ ਹੋਰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਹਿੱਸਾ ਏ । ਉਨ੍ਹਾਂ ਕਿਹਾ ਕਿ "ਐਨ.ਆਰ.ਆਈ. ਮਿਲਣੀ 2026" ਐਨ.ਆਰ.ਆਈਜ਼ ਅਤੇ ਪੰਜਾਬ ਸਰਕਾਰ ਦਰਮਿਆਨ ਸਿੱਧੇ ਸੰਵਾਦ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗੀ, ਜਿੱਥੇ ਭਾਗੀਦਾਰ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕਰ ਸਕਣਗੇ ਅਤੇ ਆਪਣੇ ਜ਼ਿਲ੍ਹਿਆਂ ਅਤੇ ਸੂਬੇ ਨਾਲ ਸਬੰਧਤ ਮਾਮਲਿਆਂ ਦੇ ਹੱਲ ਲਈ ਸਰਕਾਰ ਨਾਲ ਸਿੱਧੀ ਗੱਲਬਾਤ ਕਰ ਸਕਣਗੇ।

---------------------------------------------------------------

ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਅਤੇ ਕਾਊਂਟਰ ਇੰਟੈਲੀਜੈਂਸ ਜਲੰਧਰ ਨੇ ਕੇਂਦਰੀ ਏਜੰਸੀ ਦੇ ਤਾਲਮੇਲ ਨਾਲ ਵਿਦੇਸ਼-ਅਧਾਰਤ ਹੈਂਡਲਰਾਂ ਨਾਲ ਸਬੰਧਤ ਗੈਂਗਸਟਰ ਮਾਡਿਊਲ ਦਾ ਪਰਦਾਫਾਸ਼

ਕਰਦਿਆਂ ਤਿੰਨ ਕਾਰਕੁਨਾਂ ਨੂੰ ਤਿੰਨ ਵਿਦੇਸ਼ੀ ਪਿਸਤੌਲਾਂ ਅਤੇ ਗੋਲਾ-ਸਿੱਕੇ ਸਮੇਤ ਗ੍ਰਿਫ਼ਤਾਰ ਕੀਤਾ ਏ ।ਅੰਮ੍ਰਿਤਸਰ ਤੋਂ ਏ.ਆਈ.ਜੀ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਥੇਥਰਕੇ ਦੇ ਅਨਮੋਲ ਉਰਫ਼ ਮੋਹਲਾ, ਬਟਾਲਾ ਵਾਸੀ ਜਗਰੂਪ ਉਰਫ਼ ਰੂਪਾ ਅਤੇ ਅੰਮ੍ਰਿਤਸਰ ਦੇ ਗੇਟ ਹਕੀਮਾਂ ਵਾਸੀ ਮੋਹਿਤ ਉਰਫ਼ ਜੋਬਨ ਵਜੋਂ ਹੋਈ ਏ । ਮੁੱਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਮੁਲਜ਼ਮ ਵਿਦੇਸ਼-ਅਧਾਰਤ ਗੈਂਗਸਟਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ, ਜੋ ਪੰਜਾਬ ਵਿੱਚ ਗੈਂਗਵਾਰ, ਜਬਰੀ ਵਸੂਲੀ ਅਤੇ ਹੋਰ ਗ਼ੈਰਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਨੇ । ਸਮੁੱਚੇ ਨੈੱਟਵਰਕ ਦਾ ਪਤਾ ਲਗਾਉਣ, ਹੋਰ ਮੁਲਜ਼ਮਾਂ ਦੀ ਪਛਾਣ, ਪਿਛਲੀਆਂ ਅਪਰਾਧਿਕ ਗਤੀਵਿਧੀਆਂ ਬਾਰੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

------------------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਨੇ ਬੀਤੇ ਦਿਨੀ ਫਿਲੌਰ ਵਿਖੇ ਇੱਕ ਧਾਰਮਿਕ ਮੇਲੇ ਦੌਰਾਨ ਝੂਲੇ ਦੀ ਘਟਨਾ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਘਟਨਾ ਦੀ ਜਾਂਚ ਦੇ ਹੁਕਮ ਦਿੱਤੇ ਨੇ । ਇਸ ਘਟਨਾ ਵਿੱਚ ਝੂਲੇ ਵਿੱਚ ਖ਼ਰਾਬੀ ਕਾਰਨ ਕਈ ਵਿਅਕਤੀ ਜ਼ਖਮੀ ਹੋ ਗਏ। ਐਸ.ਡੀ.ਐਮ. ਸਿਮਰਨਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਕਮੇਟੀ ਦਾ ਗਠਨ ਕੀਤਾ

ਗਿਆ ਏ , ਜਿਸ ਨੂੰ ਹਾਦਸੇ ਦੇ ਕਾਰਨਾਂ ਅਤੇ ਪ੍ਰਬੰਧਕਾਂ ਦੀ ਤਰਫ ਤੋਂ ਹੋਈ ਕਿਸੇ ਵੀ ਕੁਤਾਹੀ ਦੀ ਜਾਂਚ ਕਰਨ ਦਾ ਕੰਮ ਸੌਂਪਿਆ ਗਿਆ ਏ । ਕਮੇਟੀ ਇਹ ਵੀ ਜਾਂਚ ਕਰੇਗੀ ਕਿ ਕੀ ਇਹ ਸਮਾਗਮ ਕਰਵਾਉਣ ਲਈ ਸਮਰੱਥ ਅਥਾਰਟੀ ਤੋਂ ਲੋੜੀਂਦੀ ਪ੍ਰਵਾਨਗੀ ਲਈ ਗਈ ਸੀ। ਐਸ.ਡੀ.ਐਮ. ਨੇ ਕਿਹਾ ਕਿ ਸਥਾਨਕ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ । ਉਨ੍ਹਾਂ ਇਹ ਵੀ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੁਰੱਖਿਆ ਨਿਯਮਾਂ ਦੀ ਉਲੰਘਣਾ ਲਈ ਜ਼ਿੰਮੇਵਾਰ ਜਾਂ ਲਾਪ੍ਰਵਾਹੀ ਵਰਤਣ ਵਾਲੇ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਕਮੇਟੀ ਨਿਰਧਾਰਤ ਸਮੇਂ ਦੇ ਅੰਦਰ ਆਪਣੀ ਵਿਸਥਾਰਥ ਰਿਪੋਰਟ ਪੇਸ਼ ਕਰੇਗੀ। ਇਸ ਦੌਰਾਨ, ਜ਼ਖਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਏ । ਐਸ.ਡੀ.ਐਮ. ਨੇ ਕਿਹਾ ਕਿ ਸਿਹਤ ਵਿਭਾਗ ਨੂੰ ਘਟਨਾ ਵਿੱਚ ਜ਼ਖਮੀ ਹੋਏ ਸਾਰੇ ਲੋਕਾਂ ਦੀ ਉਚਿਤ ਡਾਕਟਰੀ ਦੇਖਭਾਲ ਅਤੇ ਨਿਗਰਾਨੀ ਯਕੀਨੀ ਬਣਾਉਣ ਲਈ ਕਿਹਾ ਗਿਆ ਏ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜਨਤਕ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕਰੇਗਾ ਅਤੇ ਮਾਮਲੇ ਵਿੱਚ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ।

-----------------------------------------------------------

ਸਰਕਾਰ ਨੇ ਸੋਸ਼ਲ ਮੀਡੀਆ 'ਤੇ ਪ੍ਰਸਾਰਿਤ ਹੋ ਰਹੇ ਉਸ ਦਾਅਵੇ ਦਾ ਖੰਡਨ ਕੀਤਾ ਏ ਜਿਸ ਵਿਚ ਕਿਹਾ ਗਿਆ ਏ ਕਿ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਤਹਿਤ 6 ਹਜ਼ਾਰ 550 ਦੀ ਪ੍ਰੋਸੈਸਿੰਗ ਫੀਸ ਨਾਲ 10 ਲੱਖ ਤੱਕ ਦੇ ਕਰਜ਼ੇ ਦਿੱਤੇ ਜਾ ਰਹੇ ਹਨ। ਪ੍ਰੈਸ ਸੂਚਨਾ ਬਿਊਰੋ ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਸਪੱਸ਼ਟ ਕੀਤਾ ਕਿ ਇਸ ਨਾਲ ਸੰਬਧਤ ਪੱਤਰ ਪੂਰੀ ਤਰ੍ਹਾਂ ਫਰਜ਼ੀ ਏ।

-----------------------------------------------------------------------

ਹਾਕੀ ਵਿੱਚ, ਭਾਰਤ ਨੇ ਅੱਜ ਆਕਲੈਂਡ ਵਿੱਚ ਮੇਜ਼ਬਾਨ ਨਿਊਜ਼ੀਲੈਂਡ ਨੂੰ 2-0 ਨਾਲ ਹਰਾ ਕੇ, ਆਪਣਾ ਦੂਜਾ FIH ਮਹਿਲਾ NATIONS ਕੱਪ ਖਿਤਾਬ ਜਿੱਤ ਲਿਆ ਏ। ਨਵਨੀਤ ਕੌਰ ਨੇ ਭਾਰਤ ਨੂੰ ਸ਼ੁਰੂਆਤੀ ਲੀਡ ਦਿਵਾਈ, ਜਿਸ ਤੋਂ ਬਾਅਦ ਸੁਨੇਲਿਤਾ ਟੋਪੋ ਨੇ ਭਾਰਤ ਦੀ ਲੀਡ ਦੁੱਗਣੀ ਕਰ ਦਿੱਤੀ। ਟੀਮ ਨੇ ਲੀਡ ਬਣਾਈ ਰੱਖਣ ਅਤੇ ਖਿਤਾਬ ਜਿੱਤਣ ਲਈ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਨਾਲ ਪ੍ਰੋ ਲੀਗ ਦੇ ਅਗਲੇ ਸੀਜ਼ਨ ਵਿੱਚ ਟੀਮ ਦੀ ਵਾਪਸੀ ਪੱਕੀ ਹੋਈ। ਲਾਲਰੇਮਸਿਆਮੀ ਨੇ 'ਪਲੇਅਰ ਆਫ਼ ਦ ਮੈਚ' AWARD ਜਿੱਤਿਆ। ਟੀਮਾਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ, ਹਾਕੀ ਇੰਡੀਆ ਨੇ ਹਰੇਕ ਖਿਡਾਰੀ ਲਈ 3 ਲੱਖ ਰੁਪਏ ਅਤੇ

ਸਹਾਇਕ ਸਟਾਫ ਦੇ ਹਰੇਕ ਮੈਂਬਰ ਲਈ 1.5 ਲੱਖ ਰੁਪਏ ਦੇ ਨਕਦ ਇਨਾਮ ਦਾ ਐਲਾਨ ਕੀਤਾ ਏ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਮਹਿਲਾ ਹਾਕੀ ਟੀਮ ਨੂੰ FIH ਮਹਿਲਾ ਹਾਕੀ ਕੱਪ ਜਿੱਤਣ 'ਤੇ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਟੂਰਨਾਮੈਂਟ ਵਿੱਚ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਜਿੱਤ ਕਈ ਨੌਜਵਾਨ ਖਿਡਾਰੀਆਂ ਨੂੰ ਹਾਕੀ ਖੇਡਣ ਲਈ ਪ੍ਰੇਰਿਤ ਕਰੇਗੀ। ਪ੍ਰਧਾਨ ਮੰਤਰੀ ਨੇ ਟੀਮ ਨੂੰ ਭਵਿੱਖ ਵਿੱਚ ਸਫਲਤਾ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

---------------------------------------------------------------------

ਤਿੰਨ ਦੇਸ਼ਾਂ ਦੀ ਕ੍ਰਿਕਟ ਲੜੀ ਦੇ ਫਾਈਨਲ ਮੈਚ ਵਿੱਚ, ਭਾਰਤ-ਏ ਨੇ ਮੇਜ਼ਬਾਨ ਸ਼੍ਰੀਲੰਕਾ-ਏ ਲਈ 378 ਦੌੜਾਂ ਦਾ ਟੀਚਾ ਰੱਖਿਆ। ਸ਼੍ਰੀਲੰਕਾ-ਏ ਨੇ ਦੰਬੁਲਾ ਦੇ ਰੰਗੀਰੀ ਅੰਤਰਰਾਸ਼ਟਰੀ ਸਟੇਡੀਅਮ ਵਿੱਚ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ। ਭਾਰਤ ਏ ਨੇ ਸ਼ਾਨਦਾਰ ਸ਼ੁਰੂਆਤ ਕੀਤੀ, ਬਿਨਾਂ ਕੋਈ ਵਿਕਟ ਗੁਆਏ 130 ਦੌੜਾਂ ਤੱਕ ਪਹੁੰਚ ਗਈ। ਵੈਭਵ ਸੂਰਿਆਵੰਸ਼ੀ ਨੇ ਧਮਾਕੇਦਾਰ ਪਾਰੀ ਖੇਡੀ,

ਸਿਰਫ਼ 29 ਗੇਂਦਾਂ ਵਿੱਚ 94 ਦੌੜਾਂ ਬਣਾਈਆਂ। ਉਸਨੇ ਸਿਰਫ਼ 11 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕੀਤਾ।

-------------------------------------------------------

ਕ੍ਰਿਕਟ ਵਿੱਚ, ਤਿੰਨ ਦੇਸ਼ਾਂ ਦੀ ਕ੍ਰਿਕਟ ਲੜੀ ਦੇ ਸਿਖਰਲੇ ਮੁਕਾਬਲੇ ਵਿੱਚ ਭਾਰਤ-A ਨੇ ਅੱਜ ਦਾਂਬੁਲਾ ਵਿੱਚ ਮੇਜ਼ਬਾਨ ਸ਼੍ਰੀਲੰਕਾ ਨੂੰ 66 ਦੌੜਾਂ ਨਾਲ ਹਰਾਇਆ। ਪਹਿਲਾਂ ਬੱਲੇਬਾਜ਼ੀ ਕਰਦਿਆਂ ਭਾਰਤ-A ਨੇ ਨਿਰਧਾਰਤ 50 ਓਵਰਾਂ ਵਿੱਚ 9 ਵਿਕਟਾਂ ਦੇ ਨੁਕਸਾਨ 'ਤੇ 377 ਦੌੜਾਂ ਬਣਾਈਆਂ। ਵੈਭਵ ਸੂਰਿਆਵੰਸ਼ੀ ਨੇ ਸਿਰਫ਼ 29 ਗੇਂਦਾਂ ਵਿੱਚ 94 ਦੌੜਾਂ ਬਣਾਈਆਂ। ਜਵਾਬ ਵਿੱਚ, ਸ਼੍ਰੀਲੰਕਾ 47.1 ਓਵਰਾਂ ਵਿੱਚ 311 ਦੌੜਾਂ 'ਤੇ ਆਊਟ ਹੋ ਗਿਆ।

-------------------------------------------------------

- ਅੱਜ ਅੰਤਰ-ਰਾਸ਼ਟਰੀ ਯੋਗ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਯੋਗ ਅਭਿਆਸ ਦੀ ਅਗਵਾਈ ਕੀਤੀ- ਦੇਸ਼ ਵਾਸੀਆਂ ਨੂੰ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ ।
- ਪੰਜਾਬ ਭਰ ਵਿੱਚ ਵੀ ਵੱਖ-ਵੱਖ ਸਰਕਾਰੀ ਤੇ ਨਿੱਜੀ ਸੰਗਠਨਾਂ ਅਤੇ ਸੰਸਥਾਵਾਂ ਵਲੋਂ, ਯੋਗ ਸਮਾਗਮਾਂ ਦਾ ਆਯੋਜਨ ।

- -ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਅੱਜ ਲੁਧਿਆਣਾ 'ਚ BJP ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕਰਨਗੇ।
- ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ, 290 ਸ਼ਰਧਾਲੂਆਂ ਦਾ ਜਥਾ ਅੱਜ ਪਾਕਿਸਤਾਨ ਲਈ ਰਵਾਨਾ ਹੋਇਆ।
- ਹਾਕੀ ਵਿੱਚ, ਭਾਰਤ ਨੇ ਆਕਲੈਂਡ ਵਿੱਚ ਨਿਊਜ਼ੀਲੈਂਡ ਨੂੰ 2-0 ਨਾਲ ਹਰਾ ਕੇ, ਆਪਣਾ ਦੂਜਾ FIH ਮਹਿਲਾ NATIONS ਕੱਪ ਖਿਤਾਬ ਜਿਤਿਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟੀਮ ਨੂੰ ਵਧਾਈ ਦਿੱਤੀ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7.00 ਨਮਸਕਾਰ !**